ਰਾਗੁ ਗਉੜੀ ਪੂਰਬੀ ਮਹਲਾ ੫ ੴ ਸਤਿਗੁਰ ਪ੍ਰਸਾਦਿ ॥ ਕਿਨ ਬਿਧਿ ਮਿਲੈ ਗੁਸਾਈ ਮੇਰੇ ਰਾਮ ਰਾਇ ॥ ਕੋਈ ਐਸਾ ਸੰਤੁ ਸਹਜ ਸੁਖਦਾਤਾ ਮੋਹਿ ਮਾਰਗੁ ਦੇਇ ਬਤਾਈ ॥ ੧॥ ਰਹਾਉ ॥ ਅੰਤਰਿ ਅਲਖੁ ਨ ਜਾਈ ਲਖਿਆ ਵਿਚਿ ਪੜਦਾ ਹਉਮੈ ਪਾਈ ॥ ਮਾਇਆ ਮੋਹਿ ਸਭੋ ਜਗੁ ਸੋਇਆ ਇਹੁ ਭਰਮੁ ਕਹਹੁ ਕਿਉ ਜਾਈ ॥੧॥ ਏਕਾ ਸੰਗਤਿ ਇਕਤੁ ਗ੍ਰਿਹਿ ਬਸਤੇ ਮਿਲਿ ਬਾਤ ਨ ਕਰਤੇ ਭਾਈ ॥ ਏਕ ਬਸਤੁ ਬਿਨੁ ਪੰਚ ਦੁਹੇਲੇ ਓਹ ਬਸਤੁ ਅਗੋਚਰ ਠਾਈ ॥ ੨॥ ਜਿਸ ਕਾ ਗ੍ਰਿਹੁ ਤਿਨਿ ਦੀਆ ਤਾਲਾ ਕੁੰਜੀ ਗੁਰ ਸਉਪਾਈ ॥ ਅਨਿਕ ਉਪਾਵ ਕਰੇ ਨਹੀ ਪਾਵੈ ਬਿਨੁ ਸਤਿਗੁਰ ਸਰਣਾਈ ॥੩॥ ਜਿਨ ਕੇ ਬੰਧਨ ਕਾਟੇ ਸਤਿਗੁਰ ਤਿਨ ਸਾਧਸੰਗਤਿ ਲਿਵ ਲਾਈ ॥ ਪੰਚ ਜਨਾ ਮਿਲਿ ਮੰਗਲੁ ਗਾਇਆ ਹਰਿ ਨਾਨਕ ਭੇਦੁ ਨ ਭਾਈ ॥ ੪॥ ਮੇਰੇ ਰਾਮ ਰਾਇ ਇਨ ਬਿਧਿ ਮਿਲੈ ਗੁਸਾਈ ॥ ਸਹਜੁ ਭਇਆ ਭ੍ਰਮੁ ਖਿਨ ਮਹਿ ਨਾਠਾ ਮਿਲਿ ਜੋਤੀ ਜੋਤਿ ਸਮਾਈ ॥ ੧॥ ਰਹਾਉ ਦੂਜਾ ॥੧॥੧੨੨॥ {ਪੰਨਾ 205}

ਪਦਅਰਥ:- ਕਿਨ ਬਿਧਿ—ਕਿਨ੍ਹਾਂ ਤਰੀਕਿਆਂ ਨਾਲ? ਗੁਸਾਈ—ਸ੍ਰਿਸ਼ਟੀ ਦਾ ਮਾਲਕ। ਰਾਮ ਰਾਇ—ਹੇ ਪ੍ਰਭੂ ਪਾਤਿਸ਼ਾਹ! ਸਹਜ—ਆਤਮਕ ਅਡੋਲਤਾ। ਮੋਹਿ—ਮੈਨੂੰ। ਮਾਰਗੁ—ਰਸਤਾ।1। ਰਹਾਉ।

ਅੰਤਰਿ—(ਜੀਵ ਦੇ) ਅੰਦਰ। ਅਲਖੁ—ਅਦ੍ਰਿਸ਼ਟ ਪ੍ਰਭੂ। ਪਾਈ—ਪਾਇਆ ਹੋਇਆ ਹੈ। ਮੋਹਿ—ਮੋਹ ਵਿਚ।1।

ਇਕਤੁ ਗ੍ਰਿਹਿ—ਇਕੋ ਘਰ ਵਿਚ। ਭਾਈ—ਹੇ ਭਾਈ! ਪੰਚ—ਪੰਜੇ ਗਿਆਨ-ਇੰਦ੍ਰੇ। ਦੁਹੇਲੇ—ਦੁੱਖੀ। ਓਹ—(ਇਹ ਲਫ਼ਜ਼ ਇਸਤ੍ਰੀ ਲਿੰਗ ਹੈ, ਲਫ਼ਜ਼ 'ਬਸਤੁ' ਦਾ ਵਿਸ਼ੇਸ਼ਣ}। ਅਗੋਚਰ—{ਅ-ਗੋ-ਚਰ} ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ। ਠਾਈ—ਠਾਇ, ਥਾਂ ਵਿਚ।2।

ਤਾਲਾ—ਜੰਦ੍ਰਾ। ਗੁਰ ਸਉਪਾਈ—ਗੁਰੂ ਨੂੰ ਸੌਂਪੀ ਹੋਈ ਹੈ।3।

ਸਤਿਗੁਰ—ਹੇ ਸਤਿਗੁਰ! ਲਿਵ—ਲਗਨ, ਪ੍ਰੀਤਿ। ਪੰਚ ਜਨਾ—ਪੰਜੇ ਗਿਆਨ-ਇੰਦ੍ਰਿਆਂ ਨੇ। ਮੰਗਲੁ—ਖ਼ੁਸ਼ੀ ਦਾ ਗੀਤ। ਭੇਦੁ—ਵਿੱਥ, ਫ਼ਰਕ। ਭਾਈ—ਹੇ ਭਾਈ!।4।

ਇਨ ਬਿਧਿ—ਇਹਨਾਂ ਤਰੀਕਿਆਂ ਨਾਲ। ਨਾਠਾ—ਨੱਸ ਗਿਆ। ਜੋਤੀ—ਪਰਮਾਤਮਾ। ਰਹਾਉ ਦੂਜਾ।

ਅਰਥ:- ਹੇ ਮੇਰੇ ਪ੍ਰਭੂ ਪਾਤਿਸ਼ਾਹ! ਮੈਨੂੰ ਧਰਤੀ ਦਾ ਖਸਮ-ਪ੍ਰਭੂ ਕਿਨ੍ਹਾਂ ਤਰੀਕਿਆਂ ਨਾਲ ਮਿਲ ਸਕੇ? ਆਤਮਕ ਅਡੋਲਤਾ ਦਾ ਆਨੰਦ ਦੇਣ ਵਾਲਾ ਕੋਈ ਇਹੋ ਜਿਹਾ ਸੰਤ ਮੈਨੂੰ ਮਿਲ ਪਏ, ਜੇਹੜਾ ਮੈਨੂੰ ਰਸਤਾ ਦੱਸ ਦੇਵੇ।1। ਰਹਾਉ।

(ਹਰੇਕ ਜੀਵ ਦੇ) ਅੰਦਰ ਅਦ੍ਰਿਸ਼ਟ ਪ੍ਰਭੂ ਵੱਸਦਾ ਹੈ, ਪਰ (ਜੀਵ ਨੂੰ) ਇਹ ਸਮਝ ਨਹੀਂ ਆ ਸਕਦੀ, ਕਿਉਂਕਿ (ਜੀਵ ਦੇ ਅੰਦਰ) ਹਉਮੈ ਦਾ ਪਰਦਾ ਪਿਆ ਹੋਇਆ ਹੈ। ਸਾਰਾ ਜਗਤ ਹੀ ਮਾਇਆ ਦੇ ਮੋਹ ਵਿਚ ਸੁੱਤਾ ਪਿਆ ਹੈ। (ਹੇ ਭਾਈ!) ਦੱਸ, (ਜੀਵ ਦੀ) ਇਹ ਭਟਕਣਾ ਕਿਵੇਂ ਦੂਰ ਹੋਵੇ?।1।

(ਹੇ ਭਾਈ! ਆਤਮਾ ਤੇ ਪਰਮਾਤਮਾ ਦੀ) ਇਕੋ ਹੀ ਸੰਗਤਿ ਹੈ, ਦੋਵੇਂ ਇਕੋ ਹੀ (ਹਿਰਦੇ-) ਘਰ ਵਿਚ ਵੱਸਦੇ ਹਨ, ਪਰ (ਆਪੋ ਵਿਚ) ਮਿਲ ਕੇ (ਕਦੇ) ਗੱਲ ਨਹੀਂ ਕਰਦੇ। ਇਕ (ਨਾਮ) ਪਦਾਰਥ ਤੋਂ ਬਿਨਾ (ਜੀਵ ਦੇ) ਪੰਜੇ ਗਿਆਨ-ਇੰਦ੍ਰੇ ਦੁੱਖੀ ਰਹਿੰਦੇ ਹਨ। ਉਹ (ਨਾਮ) ਪਦਾਰਥ ਅਜੇਹੇ ਥਾਂ ਵਿਚ ਹੈ, ਜਿਥੇ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ।2।

(ਹੇ ਭਾਈ!) ਜਿਸ ਹਰੀ ਦਾ ਇਹ ਬਣਾਇਆ ਹੋਇਆ (ਸਰੀਰ-) ਘਰ ਹੈ, ਉਸ ਨੇ ਹੀ (ਮੋਹ ਦਾ) ਜੰਦ੍ਰਾ ਮਾਰਿਆ ਹੋਇਆ ਹੈ, ਤੇ ਕੁੰਜੀ ਗੁਰੂ ਨੂੰ ਸੌਂਪ ਦਿੱਤੀ ਹੈ। ਗੁਰੂ ਦੀ ਸਰਨ ਪੈਣ ਤੋਂ ਬਿਨਾ ਜੀਵ ਹੋਰ ਹੋਰ ਅਨੇਕਾਂ ਹੀਲੇ ਕਰਦਾ

ਹੈ, (ਪਰ ਉਹਨਾਂ ਹੀਲਿਆਂ ਨਾਲ ਪਰਮਾਤਮਾ ਨੂੰ) ਲੱਭ ਨਹੀਂ ਸਕਦਾ।3।

ਹੇ ਸਤਿਗੁਰੂ! ਜਿਨ੍ਹਾਂ ਦੇ (ਮਾਇਆ ਦੇ) ਬੰਧਨ ਤੂੰ ਕੱਟ ਦਿੱਤੇ, ਉਹਨਾਂ ਨੇ ਸਾਧ ਸੰਗਤਿ ਵਿਚ ਟਿਕ ਕੇ (ਪ੍ਰਭੂ ਨਾਲ) ਪ੍ਰੀਤਿ ਬਣਾਈ। ਹੇ ਨਾਨਕ! (ਆਖ—) ਉਹਨਾਂ ਦੇ ਪੰਜੇ ਗਿਆਨ-ਇੰਦ੍ਰਿਆਂ ਨੇ ਮਿਲ ਕੇ ਸਿਫ਼ਤਿ-ਸਾਲਾਹ ਦਾ ਗੀਤ ਗਾਇਆ। ਹੇ ਭਾਈ! ਉਹਨਾਂ ਵਿਚ ਤੇ ਹਰੀ ਵਿਚ ਕੋਈ ਵਿੱਥ ਨਾਹ ਰਹਿ ਗਈ।4।

ਹੇ ਮੇਰੇ ਪ੍ਰਭੂ ਪਾਤਿਸ਼ਾਹ! ਇਹਨਾਂ ਤਰੀਕਿਆਂ ਨਾਲ ਧਰਤੀ ਦਾ ਖਸਮ-ਪਰਮਾਤਮਾ ਮਿਲਦਾ ਹੈ। ਜਿਸ ਮਨੁੱਖ ਨੂੰ ਆਤਮਕ ਅਡੋਲਤਾ ਪ੍ਰਾਪਤ ਹੋ ਗਈ ਹੈ, ਉਸ ਦੀ (ਮਾਇਆ ਦੀ ਖ਼ਾਤਰ) ਭਟਕਣਾ ਇਕ ਖਿਨ ਵਿਚ ਦੂਰ ਹੋ ਗਈ। ਉਸ ਦੀ ਜੋਤਿ ਪ੍ਰਭੂ ਵਿਚ ਮਿਲ ਕੇ ਪ੍ਰਭੂ ਵਿਚ ਲੀਨ ਹੋ ਗਈ।1। ਰਹਾਉ ਦੂਜਾ।1। 122।